GENERAL SHIVDEV SINGH DIWAN GURBACHAN SINGH

# KHALSA COLLEGE PATIALA

**AN AUTONOMOS COLLEGE**

SAHIT SABHA

PUNJABI DEPATMENT

Students Attendance in Co-curricular Activities

Session – 2017-18

Name of Activity - National Seminar on Bhai Gurdas ji Personality and Philosophy
Coordinator -Prof.Paramjit Kaur
Convener - Dr.Davinder Singh
Date - 23. Oct. 2017
No. of the Students Participated – 178






ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ
ਭਾਈ ਗੁਰਦਾਸ ਜੀ : ਸ਼ਖ਼ਸੀਅਤ ਅਤੇ ਰਚਨਾ
ਰਾਸ਼ਟਰੀ ਸੈਮੀਨਾਰ



# ਖਾਲਸਾ ਕਾਲਜ ਪਟਿਆਲਾ ਵਿਖੇ 'ਭਾਈ ਗੁਰਦਾਸ ਸ਼ਖਸੀਅਤ ਅਤੇ ਰਚਨਾ ਵਿਸ਼ੇ 'ਤੇ ਰਾਸ਼ਟਰੀ ਸੈਮੀਨਾਰ

## ਸੈਮੀਨਾਰ 'ਚ ਚਾਰ ਸ਼ਖਸੀਅਤਾਂ ਦਾ 'ਭਾਈ ਗੁਰਦਾਸ ਸਿੱਖ ਬੁੱਧਜੀਵੀ-2017' ਨਾਲ ਸਨਮਾਨ



ਪਟਿਆਲਾ 23 ਅਕਤੂਬਰ (ਪੱਤਰ ਪ੍ਰੇਰਕ) ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸੁਚੱਜੀ ਸਰਪ੍ਰਸਤੀ ਹੇਠ ਖਾਲਸਾ ਕਾਲਜ ਪਟਿਆਲਾ ਦੇ ਭਾਈ ਨੰਦ ਲਾਲ ਆਡੀਟੋਰੀਅਮ ਵਿਖੇ ਪੋਸਟ ਗਰੈਜੂਏਟ ਪੰਜਾਬੀ ਵਿਭਾਗ ਅਤੇ ਗੁਰਮਤਿ ਸੁਸਾਇਟੀ ਦੇ ਸਹਿਯੋਗ ਨਾਲ 'ਭਾਈ ਗੁਰਦਾਸ ਜੀ ਸਖਸੀਅਤ ਅਤੇ ਰਚਨਾ ਵਿਸ਼ੇ 'ਤੇ ਰਾਸ਼ਟਰੀ ਸੈਮੀਨਾਰ ਕਰਵਾਇਆ ਗਿਆ।

ਸੈਮੀਨਾਰ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਸਿੰਘ ਸਾਹਿਬ ਹਰਪ੍ਰੀਤ ਸਿੰਘ ਤਖਤ ਸ੍ਰੀ ਦਮਦਮਾ ਸਾਹਿਬ ਅਤੇ ਬਾਬਾ ਬੂਟਾ ਸਿੰਘ ਮੀਤ ਪ੍ਰਧਾਨ ਨੇ ਸ਼ਿਰਕਤ ਕੀਤੀ। ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਭਾਈ ਗੁਰਦਾਸ ਜੀ ਦੀ ਸਖਸੀਅਤ, ਰਚਨਾ ਅਤੇ ਅਹਿਮ ਪਹਿਲੂਆਂ 'ਤੇ ਰੌਸ਼ਨੀ ਪਾਉਂਦਿਆਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਵੱਲੋਂ 'ਸਚਿਆਰ' ਮਨੁੱਖ ਬਣਾਉਣ ਦੇ ਮਿਸ਼ਨ ਨੂੰ ਭਾਈ ਗੁਰਦਾਸ ਜੀ ਨੇ ਅਗਾਂਹ ਤੋਰਦਿਆਂ ਆਪਣੀਆਂ ਰਚਨਾਵਾਂ ਰਾਹੀਂ ਮਨੁੱਖਤਾ ਦਾ ਮਾਰਗ ਦਰਸ਼ਨ ਕੀਤਾ, ਜਿਸ ਤੋਂ ਸੱਚਾ ਅਤੇ ਸੁੱਚਾ ਜੀਵਨ ਜਿਉਣ ਦੀ ਪ੍ਰੇਰਨਾ ਮਿਲਦੀ ਹੈ। ਪ੍ਰੋ. ਬਡੂੰਗਰ ਨੇ ਕਿਹਾ ਕਿ ਭਾਈ ਸਾਹਿਬ ਨੇ ਸਿੱਖ ਧਰਮ ਦੇ ਪ੍ਰਚਾਰ ਅਤੇ ਪਸਾਰ 'ਚ ਅਹਿਮ ਰੋਲ ਅਦਾ ਕੀਤਾ, ਜਿਸ ਮਗਰੋਂ ਸਿੱਖ ਧਰਮ ਦੁਨੀਆ ਦਾ ਇਕ ਵਿਲੱਖਣ ਧਰਮ ਬਣ ਕੇ ਸਾਹਮਣੇ ਆਇਆ ਹੈ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਭਾਈ ਸਾਹਿਬ ਮਹਾਨ ਸਿੱਖ ਵਿਦਵਾਨ ਸਨ, ਜਿਨ੍ਹਾਂ ਵੱਲੋਂ ਰਚੀਆਂ ਵਾਰਾਂ ਨੂੰ ਗੁਰਬਾਣੀ ਦੀ 'ਕੁੰਜੀ' ਕਿਹਾ ਜਾਂਦਾ ਹੈ। ਉਨ੍ਹਾਂ ਵੱਲੋਂ ਸਿੱਖ ਧਰਮ ਦੇ ਵਿਕਾਸ 'ਚ ਪਾਏ ਗਏ ਅਹਿਮ ਯੋਗਦਾਨ ਨੂੰ ਕਦੇ ਵੀ ਅਣਡਿੱਠ ਨਹੀਂ ਕੀਤਾ ਜਾ ਸਕਦਾ।

ਇਸ ਉਪਰੰਤ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਨੇ ਭਾਈ ਗੁਰਦਾਸ ਜੀ ਦੇ ਗੁਣਾਂ ਬਾਰੇ ਜ਼ਿਕਰ ਕਰਦਿਆਂ ਕਿਹਾ ਕਿ ਭਾਈ ਸਾਹਿਬ ਵੱਲੋਂ ਰਚੀ ਬਾਣੀ ਨੇ ਗੁਰੂ ਦੀ ਪ੍ਰਾਪਤੀ ਦਾ ਰਾਹ ਖੋਲ੍ਹਿਆ ਹੈ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਪੁਰਖ ਨੂੰ ਸਮਝਣਾ ਚਾਹੁੰਦੇ ਹੋ ਤਾਂ ਹੁਕਮ, ਕਰਮ ਅਤੇ ਬਖਸ਼ਿਸ਼ ਦੇ ਸਿਧਾਂਤ ਨੂੰ ਸਮਝਣ ਦੀ ਲੋੜ ਹੈ।

# खालसा कॉलेज में भाई गुरदास शख्सियत व रचना पर सेमिनार



पटियाला। शिरोमणि गुरुद्वारा प्रबंधक कमेटी की तरफ से खालसा कॉलेज के भाई नंद लाल ऑडिटोरियम में पोस्ट ग्रेजुएट पंजाबी विभाग व गुरमति सोसाइटी के सहयोग से भाई गुरदास जी शख्सियत व रचना विषय पर राष्ट्रीय सेमिनार कराया। मुख्य मेहमान एसजीपीसी प्रधान प्रो. किरपाल सिंह बडूंगर रहे। उन्होंने भाई गुरदास जी की शख्सियत, रचना व अहम पहलुओं पर रोशनी डाली। उनके सिख धर्म के विकास में किए गए योगदान को भुलाया नहीं जा सकता है।